# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ
## ਅ੍ਰਮਿਤ ਸਕੀਮ ਤਹਿਤ ਸ਼ਹਿਰ ਵਿਚ ਜਲਦੀ ਹੀ 100 ਫੀਸਦੀ ਸੀਵਰੇਜ਼ ਅਤੇ ਪੀਣ ਵਾਲੇ ਪਾਣੀ ਦੀ ਸੁਵਿਧਾ ਉਪਲੱਬਧ ਹੋਵੇਗੀ......ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 18 ਜੁਲਾਈ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਚਲਾਏ ਗਏ ਸਵੱਛ ਭਾਰਤ ਅਭਿਆਨ ਤਹਿਤ ਸ਼ਹਿਰ ਨੂੰ 100 ਫੀਸਦੀ ਸੀਵਰੇਜ਼ ਅਤੇ ਪੀਣ ਵਾਲਾ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਅਮ੍ਰਿਤ ਸਕੀਮ ਤਹਿਤ ਤਿਆਰ ਕੀਤੇ ਪ੍ਰੋਜੈਕਟ ਅਧੀਨ ਆਉਣ ਵਾਲੇ ਕੁਝ ਸਮੇਂ ਵਿਚ ਸਾਰੇ ਸ਼ਹਿਰ ਵਾਸੀਆਂ ਨੂੰ ਸੀਵਰੇਜ਼ ਅਤੇ ਪੀਣ ਵਾਲੇ ਪਾਣੀ ਦੀ ਸੁਵਿਧਾ ਮੁਹੱਈਆ ਕਰਵਾਈ ਜਾਵੇਗੀ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਦਿੰਦਿਆਂ ਦੱਸਿਆ ਕਿ ਇਸ ਸਬੰਧੀ ਅੱਜ ਮੁੱਖ ਮੰਤਰੀ ਪੰਜਾਬ ਦੇ ਤਕਨੀਕੀ ਸਲਾਹਕਾਰ ਮੇਜਰ ਜਨਰਲ ਵੀ.ਕੇ ਭੱਟ ਨੇ ਅੱਜ ਨਗਰ ਨਿਗਮ ਹੁਸ਼ਿਆਰਪੁਰ ਦੇ ਦਫਤਰ ਵਿਖੇ ਕਮਿਸ਼ਨਰ ਨਗਰ ਨਿਗਮ ਰਾਹੁਲ ਚਾਬਾ ਨਾਲ ਵਿਸਥਾਰ ਪੂਰਵਕ ਵਿਚਾਰ ਵਟਾਂਦਰਾ ਕੀਤਾ। ਉਹਨਾਂ ਦੱਸਿਆ ਕਿ ਇਸ ਮੌਕੇ ਤੇ ਸ਼ਾਹ ਟੈਕਨੀਕਲ ਕਨਸਲਟੈਂਟ ਪ੍ਰਾਈਵੇਟ ਲਿਮ: ਦੇ ਟੀਮ ਲੀਡਰ ਪੀ.ਡੀ.ਐਮ.ਸੀ ਅਮ੍ਰਿਤ ਸਕੀਮ ਆਰ.ਐਨ ਵਰਮਾ ਨੇ ਮੇਅਰ ਸ਼ਿਵ ਸੂਦ ਨਗਰ ਨਿਗਮ ਦੇ ਅਧਿਕਾਰੀਆਂ ਅਤੇ ਕੌਂਸਲਰਾਂ ਨੂੰ ਸ਼ਹਿਰ ਵਿਚ ਪਾਉਣ ਵਾਲੇ ਸੀਵਰੇਜ਼ ਦੇ ਪ੍ਰੋਜੈਕਟ ਸਬੰਧੀ ਜਾਣਕਾਰੀ ਦਿੱਤੀ। ਭੁਭੇਸ਼ ਕੁਮਾਰ ਅਤੇ ਸੀਵਰੇਜ਼ ਬੋਰਡ ਦੇ ਜੇ.ਈ ਦੀਪਕ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ।

ਮੇਅਰ ਸ਼ਿਵ ਸੂਦ ਨੇ ਕੌਂਸਲਰਾਂ ਨੂੰ ਕਿਹਾ ਕਿ ਉਹ ਸੀਵਰੇਜ਼ ਬੋਰਡ ਵਲੋਂ ਅਮ੍ਰਿਤ ਸਕੀਮ ਤਹਿਤ ਪਾਏ ਜਾ ਰਹੇ ਸੀਵਰੇਜ਼ ਸਬੰਧੀ ਆਪਣੇ ਆਪਣੇ ਵਾਰਡਾਂ ਦੀ ਜਾਣਕਾਰੀ ਹਾਸਲ ਕਰਨ ਲਈ ਸੀਵਰੇਜ਼ ਬੋਰਡ ਦੇ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਨ ਅਤੇ ਜੇ ਕੋਈ ਕਮੀ ਹੋਵੇ ਤਾਂ ਉਹਨਾਂ ਦੇ ਧਿਆਨ ਵਿਚ ਲਿਆਉਣ।

ਨਗਰ ਨਿਗਮ ਦੇ ਏ.ਐਮ.ਈ ਹਰਪ੍ਰੀਤ ਸਿੰਘ, ਜੇ.ਈ ਅਸ਼ਵਨੀ ਸ਼ਰਮਾ, ਇੰਸਪੈਕਟਰ ਵਿਜੇ ਕੁਮਾਰ, ਕੌਂਸਲਰ ਨਿਪੁੰਨ ਸ਼ਰਮਾ, ਰਿਟ: ਡੀ.ਐਸ.ਪੀ ਮਲਕੀਅਤ ਸਿੰਘ, ਮਨਜੀਤ ਸਿੰਘ ਰਾਏ, ਸਰਬਜੀਤ ਸਿੰਘ, ਸੁਰੇਸ਼ ਭਾਟੀਆ ਬਿਟੂ, ਮੀਨੂ ਸੇਠੀ, ਸਵਿਤਾ ਸੂਦ, ਸੁਰੇਸ਼ ਕੁਮਾਰ ਅਤੇ ਸ਼੍ਰੀਮਤੀ ਰਜਨੀ ਵੀ ਹਾਜਰ ਸਨ।